ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਯੋਜਨਾ ਦਾ ਲਾਭ ਉਠਾਉਣ ਕਿਸਾਨ: ਮੁੱਖ ਖੇਤੀਬਾੜੀ ਅਫਸਰ
* ਕੇਂਦਰੀ ਯੋਜਨਾ ਤਹਿਤ ਮਿਲੇਗੀ 6000 ਰੁਪਏ ਸਾਲਾਨਾ ਰਾਸ਼ੀ
* ਪਹਿਲਾਂ ਲਾਭ ਲੈ ਰਹੇ ਕਿਸਾਨਾਂ ਨੂੰ ਦੁਬਾਰਾ ਅਪਲਾਈ ਕਰਨ ਦੀ ਨਹੀਂ ਜ਼ਰੂਰਤ

ਬਰਨਾਲਾ, 29 ਮਈ
ਸਰਕਾਰ ਕਿਸਾਨਾਂ ਦੀ ਭਲਾਈ ਲਈ ਯਤਨਸ਼ੀਲ ਹੈ ਅਤੇ ਇਸੇ ਤਹਿਤ ਕਿਸਾਨਾਂ ਨੂੰ ਵੱਖ ਵੱਖ ਸਕੀਮਾਂ ਦਾ ਲਾਭ ਦਿੱਤਾ ਜਾ ਰਿਹਾ ਹੈ। ਜ਼ਿਲ੍ਹਾ ਬਰਨਾਲਾ ਵਿਚ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੀ ਅਗਵਾਈ ਵਿਚ ਕਿਸਾਨਾਂ ਦੇ ਹਿੱਤਾਂ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।
ਇਹ ਪ੍ਰਗਟਾਵਾ ਕਰਦੇ ਹੋਏ ਮੁੱਖ ਖੇਤੀਬਾੜੀ ਅਫਸਰ ਡਾ. ਬਲਦੇਵ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਯੋਜਨਾ ਤਹਿਤ ਵਿੱਤੀ ਸਹਾਇਤਾ ਦਾ ਪ੍ਰਬੰਧ ਹੈ। ਇਸ ਸਕੀਮ ਅਧੀਨ ਖੇਤੀਬਾੜੀ ਜ਼ਮੀਨ ਦੀ ਮਲਕੀਅਤ ਵਾਲੇ ਕਿਸਾਨ ਪਰਿਵਾਰ ਨੂੰ ਸਾਲਾਨਾ 6000 ਰੁਪਏ ਦੀ ਰਾਸ਼ੀ ਉਨ੍ਹਾਂ ਦੇ ਖਾਤਿਆਂ ਵਿੱਚ ਸਰਕਾਰ ਵੱਲੋਂ ਪਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਸਰਕਾਰ ਵੱਲੋਂ ਸਵੈ ਘੋਸ਼ਣਾ ਪੱਤਰ ਦੀ ਮੰਗ ਕੀਤੀ ਗਈ ਹੈ।ਜਿਹੜੇ ਕਿਸਾਨ ਇਸ ਸਕੀਮ ਦਾ ਲਾਭ ਲੈ ਰਹੇ ਹਨ, ਉਨ੍ਹਾਂ ਨੂੰ ਦੁਬਾਰਾ ਅਪਲਾਈ ਕਰਨ ਦੀ ਜ਼ਰੂਰਤ ਨਹੀਂ। ਜਿਹੜੇ ਕਿਸਾਨ ਇਸ ਤੋਂ ਵਾਂਝੇ ਹਨ ਅਤੇ ਸ਼ਰਤਾਂ ਪੂਰੀਆਂ ਕਰਦੇ ਹਨ ਉਹ ਪਹਿਲੀ ਜੂਨ 2020 ਤੱਕ ਸਵੈ ਘੋਸ਼ਣਾ ਪੱਤਰ ਭਰ ਕੇ ਜਮ੍ਹਾਂ ਕਰਵਾ ਸਕਦੇ ਹਨ। ਜਿਹੜੇ ਕਿਸਾਨ ਪਰਿਵਾਰ ਪਹਿਲਾਂ ਇਸ ਸਕੀਮ ਅਧੀਨ ਲਾਭ ਪ੍ਰਾਪਤ ਨਹੀਂ ਕਰ ਸਕੇ, ਉਨ੍ਹਾਂ ਲਈ ਸਵੈ ਘੋਸ਼ਣਾ ਪੱਤਰ ਦੀ ਮੰਗ ਕੀਤੀ ਗਈ ਹੈ। ਜਿਹੜੇ ਕਿਸਾਨ ਪਰਿਵਾਰਾਂ ਕੋਲ ਖੇਤੀਬਾੜੀ ਜ਼ਮੀਨ ਦੀ ਮਲਕੀਅਤ ਹੈ, ਉਨ੍ਹਾਂ ਨੂੰ ਸਕੀਮ ਤਹਿਤ ਸਾਲਾਨਾ 6000 ਰੁਪਏ ਹਰ 4 ਮਹੀਨੇ ਬਾਅਦ 2000 ਰੁਪਏ) ਉਨ੍ਹਾਂ ਦੇ ਬੱਚਤ ਖਾਤਿਆਂ ਵਿੱਚ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾਣੀ ਹੈ। ਲਾਭ ਲੈਣ ਵਾਲੇ ਲਾਭਪਾਤਰੀ ਪਰਿਵਾਰ ਵਿਚ ਪਤੀ, ਪਤਨੀ ਅਤੇ ਸਾਰੇ ਬੱਚੇ (ਬੱਚਿਆਂ ਦੀ ਉਮਰ 18 ਸਾਲ ਤੋਂ ਘੱਟ ਹੋਣੀ ਚਾਹੀਦੀ) ਅਤੇ ਖੇਤੀ ਯੋਗ ਜ਼ਮੀਨ ਦੀ ਮਲਕੀਅਤ ਹੋਣੀ ਚਾਹੀਦੀ ਹੈ।
ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਸਹਾਇਤਾ ਪ੍ਰਾਪਤ ਕਰਨ ਵਾਲੇ ਲਾਭਪਾਤਰੀ ਵੱਲੋਂ ਸਵੈ ਘੋਸ਼ਣਾ ਦਿੱਤੀ ਜਾਣੀ ਹੈ ਕਿ ਉਹ ਅਤੇ ਉਸਦੇ ਪਰਿਵਾਰ ਦਾ ਕੋਈ ਵੀ ਮੈਂਬਰ ਕਿਸੇ ਸਰਕਾਰੀ/ਅਰਧ ਸਰਕਾਰੀ/ਜਨਤਕ ਅਦਾਰੇ ਵਿੱਚ ਨੌਕਰੀ ਨਹੀਂ ਕਰਦਾ ਅਤੇ ਨਾ ਹੀ ਇਨ੍ਹਾਂ ਅਦਾਰਿਆਂ ਤੋਂ ਸੇਵਾ ਮੁਕਤ ਹੋਇਆ ਹੈ। (ਇਹ ਸ਼ਰਤ ਦਰਜਾ 4 ਦੀ ਸੇਵਾ ਕਰ ਰਹੇ ਜਾਂ ਸੇਵਾ ਮੁਕਤ ਕਰਮਚਾਰੀਆਂ 'ਤੇ ਲਾਗੂ ਨਹੀਂ ਹੈ। ਇਹ ਸ਼ਰਤ ਬਾਕੀ ਉਨ੍ਹਾਂ ਸੇਵਾਮੁਕਤ ਮੁਲਾਜ਼ਮਾ 'ਤੇ ਵੀ ਲਾਗੂ ਨਹੀਂ ਹੈ, ਜਿਨ੍ਹਾਂ ਦੀ ਮਹੀਨਾਵਾਰ ਪੈਨਸ਼ਨ 10,000 ਰੁਪਏ ਤੋਂ ਘੱਟ ਹੈ। ਉਹ ਅਤੇ ਉਸ ਦੇ ਪਰਿਵਾਰ ਦਾ ਮੈਂਬਰ ਆਮਦਨ ਕਰਦਾਤਾ ਨਹੀਂ ਹਨ। ਕਿਸੇ ਵੀ ਸੰਵਿਧਾਨਕ ਅਦਾਰੇ ਅਤੇ ਸਰਕਾਰ ਦੇ ਮੰਤਰੀ , ਐਮਪੀ/ਐਮਐਲਏ/ਮੇਅਰ/ਚੇਅਰਮੈਨ /ਜ਼ਿਲ੍ਹਾ ਪਰਿਸ਼ਦ ਤੇ ਨਹੀਂ ਹਨ ਅਤੇ ਨਾ ਹੀ ਪਹਿਲਾਂ ਕਦੇ ਰਹੇ ਹਨ। ਡਾਕਟਰ/ਇੰਜੀਨੀਅਰ/ਵਕੀਲ/ਆਰਕੀਟੈਕਟ/ਚਾਰਟਡ ਅਕਾਊਂਟੈਂਟ ਦੀ ਪੇਸ਼ੇਵਾਰ ਸੰਸਥਾ ਦੇ ਮੈਂਬਰ ਨਹੀਂ ਹਨ ਅਤੇ ਨਾ ਹੀ ਇਹ ਪੇਸ਼ਾ ਕਰਦੇ ਹਨ।
ਉਨ੍ਹਾਂ ਕਿਹਾ ਕਿ ਉਕਤ ਸਬੰਧੀ ਸੂਚਨਾ ਸਵੈ ਘੋਸ਼ਣਾ ਪੱਤਰ ਪਿੰਡ ਪੱਧਰੀ ਸਹਿਕਾਰੀ ਖੇਤੀਬਾੜੀ ਸੇਵਾ ਸਭਾਵਾਂ ਵਿੱਚ ਉਪਲਬਧ ਹਨ, ਜਿੱਥੇ ਕਿ ਇਹ ਫਾਰਮ ਭਰ ਕੇ ਦਿੱਤੇ ਜਾ ਸਕਦੇ ਹਨ। ਜੇਕਰ ਕੋਈ ਲਾਭਪਾਤਰੀ ਪਿੰਡ ਵਿੱਚ ਨਹੀਂ ਵੀ ਰਹਿੰਦਾ ਤਾਂ ਉਸਦੇ ਪਰਿਵਾਰ ਦਾ ਮੈਂਬਰ ਸਵੈ ਘੋਸ਼ਣਾ ਪੱਤਰ ਭਰ ਕੇ ਪਿੰਡ ਨਾਲ ਸਬੰਧਤ ਸਹਿਕਾਰੀ ਸਭਾ ਵਿਖੇ ਜਮ੍ਹਾਂ ਕਰਵਾ ਸਕਦਾ ਹੈ। ਕਿਸੇ ਕਾਰਨ ਇਸ ਘੋਸ਼ਣਾ ਪੱਤਰ ਦੀ ਕਾਪੀ ਸਭਾ ਰਾਹੀਂ ਉਪਲਬਧ ਨਹੀਂ ਹੁੰਦੀ ਤਾਂ www.agri.punjab.gov.in ਵੈਬਸਾਈਟ ਤੋਂ ਇਹ ਫਾਰਮ ਡਾਊਨਲੋਡ ਕੀਤਾ ਜਾ ਸਕਦਾ ਹੈ। ਜਿਹੜੇ ਕਿਸਾਨ ਪਹਿਲਾਂ ਇਸ ਸਕੀਮ ਦਾ ਲਾਭ ਲੈ ਰਹੇ ਹਨ, ਉਨ੍ਹਾਂ ਨੂੰ ਦੁਬਾਰਾ ਫਾਰਮ ਭਰਨ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਕੋਈ ਮੁਸ਼ਕਲ ਆਉਂਦੀ ਹੈ ਤਾਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਮਾਲ ਵਿਭਾਗ ਤੇ ਸਹਿਕਾਰਤਾ ਵਿਭਾਗ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ। ਉਨ੍ਹਾਂ ਅਪੀਲ ਕੀਤੀ ਕਿ ਸਹਿਕਾਰੀ ਸੁਸਾਇਟੀ ਤੋਂ ਫਾਰਮ ਲੈਂਦੇ ਸਮੇਂ ਅਤੇ ਜਮ੍ਹਾਂ ਕਰਵਾਉਂਦੇ ਕੋਵਿਡ 19 ਦੀ ਰੋਕਥਾਮ ਗਾਈਡਲਾਈਨਜ਼ ਦਾ ਪੂਰਾ ਧਿਆਨ ਰੱਖਿਆ ਜਾਵੇ।

ਖੇਤੀ ਵਿਭਾਗ ਦੀਆਂ ਟੀਮਾਂ ਵੱਲੋਂ ਬੀਜਾਂ ਦੀਆਂ 30 ਦੁਕਾਨਾਂ ’ਤੇ ਚੈਕਿੰਗ: ਡਿਪਟੀ ਕਮਿਸ਼ਨਰ
* ਤਿੰਨ ਟੀਮਾਂ ਵੱਲੋਂ ਚੈਕਿੰਗ ਦੌਰਾਨ ਬੀਜਾਂ ਅਤੇ ਖਾਧਾਂ ਦੇ ਲਏ ਸੈਂਪਲ
* ਅਣ ਅਧਿਕਾਰਤ ਬੀਜਾਂ ਦਾ ਸਟਾਕ ਰੱਖਣ ਵਾਲਿਆਂ ਖਿਲਾਫ ਹੋਵੇਗੀ ਸਖਤ ਕਾਰਵਾਈ

ਬਰਨਾਲਾ, 29 ਮਈ
ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਦਿਸ਼ਾ ਨਿਰਦੇਸ਼ ਤਹਿਤ ਅੱਜ ਖੇਤੀਬਾੜੀ ਵਿਭਾਗ ਦੀਆਂ ਟੀਮਾਂ ਵੱਲੋਂ ਪੁਲੀਸ ਪ੍ਰਸ਼ਾਸਨ ਦੀ ਮਦਦ ਨਾਲ ਜ਼ਿਲ੍ਹੇ ਦੇ ਤਿੰਨਾਂ ਬਲਾਕਾਂ ਵਿਚ ਬੀਜ ਵਿਕਰੇਤਾਵਾਂ ਦੀਆਂ 30 ਦੁਕਾਨਾਂ/ਫਰਮਾਂ ’ਤੇ ਅਚਨਚੇਤ ਚੈਕਿੰਗ ਕੀਤੀ ਗਈ।
ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਵੱਡੇ ਪੱਧਰ ’ਤੇ ਚੈਕਿੰਗ ਮੁਹਿੰਮ ਵਿੱਢੀ ਗਈ ਹੈ, ਜਿਸ ਤਹਿਤ ਜ਼ਿਲ੍ਹੇ ਦੇ ਬੀਜ ਉਤਪਾਦਕਾਂ ਅਤੇ ਰੀਟੇਲ ਅਤੇ ਹੋਲਸੇਲ ਡੀਲਰਾਂ ਦੇ ਰਿਕਾਰਡ ਅਤੇ ਸਟਾਕ ਦੀ ਘੋਖ ਪੜਤਾਲ ਕੀਤੀ ਗਈ ਅਤੇ 30 ਦੁਕਾਨਾਂ ’ਤੇ ਬਲਾਕ ਪੱਧਰੀ ਟੀਮਾਂ ਵੱਲੋਂ ਚੈਕਿੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਬੀਜ ਵਿਕਰੇਤਾਵਾਂ ਨੂੰ ਸਪਸ਼ਟ ਹਦਾਇਤ ਕੀਤੀ ਗਈ ਹੈ ਕਿ ਜੇ ਕੋਈ ਬੀਜ ਵਿਕਰੇਤਾ ਅਣਅਧਿਕਾਰਤ ਸਟਾਕ ਜਾਂ ਉਚ ਰੇਟ ’ਤੇ ਝੋਨੇ ਦਾ ਬੀਜ ਵੇਚਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।
ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਬਲਦੇਵ ਸਿੰਘ ਨੇ ਦੱਸਿਆ ਕਿ ਅੱਜ 30 ਦੁਕਾਨਾਂ ਦੀ ਚੈਕਿੰਗ ਦੌਰਾਨ ਬੀਜਾਂ ਅਤੇ ਖਾਧਾਂ ਦੇ ਸੈਂਪਲ ਲਏ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਚੈਕਿੰਗ ਲਈ ਏਡੀਓ ਐਨਫੋਰਸਮੈਂਟ ਬਰਨਾਲਾ ਗੁਰਚਰਨ ਸਿੰਘ, ਖੇਤੀਬਾੜੀ ਅਫਸਰ ਮਹਿਲ ਕਲਾਂ ਲਖਬੀਰ ਸਿੰਘ ਅਤੇ ਖੇਤੀਬਾੜੀ ਅਫਸਰ ਸਹਿਣਾ ਦਿਲਬਾਗ ਸਿੰਘ ਦੀ ਅਗਵਾਈ ਵਿਚ ਟੀਮਾਂ ਦਾ ਗਠਨ ਕੀਤਾ ਗਿਆ ਸੀ, ਜਿਨ੍ਹਾਂ ਵੱਲੋਂ ਸਬੰਧਤ ਬਲਾਕਾਂ ਵਿਚ ਚੈਕਿੰਗ ਕੀਤੀ ਗਈ ਹੈ। ਇਸ ਮੌਕੇ ਝੋਨੇ ਦੇ ਬੀਜ ਦੀ ਕਿਸਮ ਪੀਆਰ 128 ਅਤੇ 129 ਦੇ ਬੀਜ ਕਿਸੇ ਦੁਕਾਨਦਾਰ ਕੋਲ ਨਹੀਂ ਪਾਏ ਗਏ।
ਇਸ ਮੌਕੇ ਦੁਕਾਨ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਜੇਕਰ ਕਿਸੇ ਕੋਲ ਬੀਜ ਦਾ ਅਣਅਧਿਕਾਰਤ ਸਟਾਕ ਪਾਇਆ ਜਾਂਦਾ ਹੈ ਤਾਂ ਸੀਡਜ਼ ਐਕਟ ਤਹਿਤ ਕਾਰਵਾਈ ਕੀਤੀ ਜਾਵੇਗੀ।

ਕਿਰਤ ਰੋਜ਼ਗਾਰ ਲਈ ਆਨਲਾਈਨ ਕੀਤਾ ਜਾਵੇ ਅਪਲਾਈ: ਪਲੇਸਮੈਂਟ ਅਫਸਰ
* ਵਧੇਰੇ ਜਾਣਕਾਰੀ ਲਈ ਰੋਜ਼ਗਾਰ ਬਿਓਰੋ ਵਿਖੇ ਕੀਤਾ ਜਾ ਸਕਦਾ ਹੈ ਸੰਪਰਕ
ਬਰਨਾਲਾ, 29 ਮਈ
ਪੰਜਾਬ ਸਰਕਾਰ ਵੱਲੋਂ ਬੇਰੋਜ਼ਗਾਰ ਕਾਮਿਆਂ/ਮਜ਼ਦੂਰਾਂ ਨੂੰ ਰੋਜ਼ਗਾਰ ਮੁਹੱਈਆ ਕਰਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਰਨਾਲਾ ਵਿਖੇ ਤਾਇਨਾਤ ਪਲੇਸਮੈਂਟ ਅਫ਼ਸਰ ਮਿਸ ਸੋਨਾਕਸ਼ੀ ਨੰਗਲਾ ਨੇ ਦੱਸਿਆ ਕਿ ਕਿਰਤ ਦੀ ਭਾਲ ਵਿਚ ਜੁਟੇ ਕਾਮੇ https://docs.google.com/forms/d/e/1FAIpQLSeMnx4Bj0VW86P5s4fHpw_vk2wLbUZpCHkz_gOAsCAokFbjdw/viewform ’ਤੇ ਅਪਲਾਈ ਕਰ ਕੇ ਆਪਣੇ ਆਪ ਨੂੰ ਰਜਿਸਟਰਡ ਕਰ ਸਕਦੇ ਹਨ ਤਾਂ ਜੋ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਰਨਾਲਾ ਵੱਲੋਂ ਸਬੰਧਤ ਵਿਅਕਤੀਆਂ ਲਈ ਲੋੜੀਂਦੇ ਕੰਮ ਦੀ ਭਾਲ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਰਨਾਲਾ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਸੰਪਰਕ (ਸੰਪਰਕ ਨੰਬਰ 01679-232342) ਕੀਤਾ ਜਾ ਸਕਦਾ ਹੈ।